Tape/CD: 1331

# ਪੰਨਾ ੨੦੧-੨੦੨

ਜੈਤਸਰੀ ਮਹਲਾ ੫ ॥ ਕੋਈ ਜਨੁ ਹਰਿ ਸਿਉ ਦੇਵੈ ਜੋਰਿ ॥ ਚਰਨ ਗਹਉ ਬਕਉ ਸੁਭ ਰਸਨਾ ਦੀਜਹਿ ਪ੍ਰਾਨ ਅਕੋਰਿ ॥ ੧ ॥ ਰਹਾਉ ॥ ਮਨੁ ਤਨੁ ਨਿਰਮਲ ਕਰਤ ਕਿਆਰੋ ਹਰਿ ਸਿੰਚੈ ਸੁਧਾ ਸੰਜੋਰਿ ॥ ਇਆ ਰਸ ਮਹਿ ਮਗਨੁ ਹੋਤ ਕਿਰਪਾ ਤੇ ਮਹਾ ਬਿਖਿਆ ਤੇ ਤੋਰਿ ॥ ੧ ॥ ਆਇਓ ਸਰਣਿ ਦੀਨ ਦੁਖ ਭੰਜਨ ਚਿਤਵਉ ਤੁਮ੍ਰੀ ਓਰਿ ॥ ਅਭੈ ਪਦੁ ਦਾਨੁ ਸਿਮਰਨੁ ਸੁਆਮੀ ਕੋ ਪ੍ਰਭ ਨਾਨਕ ਬੰਧਨ ਛੋਰਿ

॥ ੨ ॥ ੫ ॥ ੯ ॥

Tape/CD: 1331

# ਪੰਨਾ ੭੩੯-੭੪੦

ਸੂਹੀ ਮਹਲਾ ੫ ॥ ਜਾ ਕੈ ਦਰਸਿ ਪਾਪ ਕੋਟਿ ਉਤਾਰੇ ॥ ਭੇਟਤ ਸੰਗਿ ਇਹੁ ਭਵਜਲੁ ਤਾਰੇ ॥ ੧ ॥ ਓਇ ਸਾਜਨ ਓਇ ਮੀਤ ਪਿਆਰੇ ॥ ਜੋ ਹਮ ਕਉ ਹਰਿ ਨਾਮੁ ਚਿਤਾਰੇ ॥ ੧ ॥ ਰਹਾਉ ॥ ਜਾ ਕਾ ਸਬਦੁ ਸੁਨਤ ਸੁਖ ਸਾਰੇ ॥ ਜਾ ਕੀ ਟਹਲ ਜਮਦੂਤ ਬਿਦਾਰੇ ॥ ੨ ॥ ਜਾ ਕੀ ਧੀਰਕ ਇਸੁ ਮਨਹਿ ਸਧਾਰੇ ॥ ਜਾ ਕੈ ਸਿਮਰਣਿ ਮੁਖ ਉਜਲਾਰੇ ॥ ੩ ॥ ਪ੍ਰਭ ਕੇ ਸੇਵਕ ਪ੍ਰਭਿ ਆਪਿ ਸਵਾਰੇ ॥ ਸਰਣਿ ਨਾਨਕ ਤਿਨ੍ ਸਦ ਬਲਿਹਾਰੇ ॥ ੪ ॥ ੭ ॥ ੧੩ ॥

Tape/CD: 1331

# ਪੰਨਾ ੯੮੦

## ਨਟ ਪੜਤਾਲ ਮਹਲਾ ੫

ਕੋਊ ਹੈ ਮੇਰੋ ਸਾਜਨੁ ਮੀਤੁ ॥ ਹਰਿ ਨਾਮੁ ਸੁਨਾਵੈ ਨੀਤ ॥
ਬਿਨਸੈ ਦੁਖੁ ਬਿਪਰੀਤਿ ॥ ਸਭੁ ਅਰਪਉ ਮਨੁ ਤਨੁ ਚੀਤੁ
॥ ੧ ॥ ਰਹਾਉ ॥ ਕੋਈ ਵਿਰਲਾ ਆਪਨ ਕੀਤ ॥ ਸੰਗਿ
ਚਰਨ ਕਮਲ ਮਨੁ ਸੀਤ ॥ ਕਰਿ ਕਿਰਪਾ ਹਰਿ ਜਸੁ ਦੀਤ
॥ ੧ ॥ ਹਰਿ ਭਜਿ ਜਨਮੁ ਪਦਾਰਥੁ ਜੀਤ ॥ ਕੋਟਿ ਪਤਿਤ
ਹੋਹਿ ਪੁਨੀਤ ॥ ਨਾਨਕ ਦਾਸ ਬਲਿ ਬਲਿ ਕੀਤ
॥ ੨ ॥ ੧ ॥ ੧੦ ॥ ੧੯ ॥

Tape/CD: 1331

ਪੰਨਾ ੧੦

ਰਾਗੁ ਗੂਜਰੀ ਮਹਲਾ ੪ ॥ ਹਰਿ ਕੇ ਜਨ ਸਤਿਗੁਰ ਸਤਪੁਰਖਾ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ ॥ ੧ ॥ ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥ ੧ ॥ ਰਹਾਉ ॥ ਹਰਿ ਜਨ ਕੇ ਵਡ ਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥ ੨ ॥ ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥ ੩ ॥ ਜਿਨ ਹਰਿ ਜਨ ਸਤਿਗੁਰ ਸੰਗਿਤ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ ॥ ਧਨੁ ਧੰਨੁ ਸਤਸੰਗਿਤ ਜਿਤੁ ਹਰਿ ਰਸੁ ਪਾਇਆ ਮਿਲਿ ਜਨ ਨਾਨਕ ਨਾਮੁ ਪਰਗਾਸਿ ॥ ੪ ॥ ੪ ॥

Tape/CD: 1331

## ਪੰਨਾ ੬੭੪

ਧਨਾਸਰੀ ਮਹਲਾ ੫ ॥ ਬੰਧਨ ਤੇ ਛੁਟਕਾਵੈ ਪ੍ਰਭੂ ਮਿਲਾਵੈ ਹਰਿ ਹਰਿ ਨਾਮੁ ਸੁਨਾਵੈ ॥ ਅਸਥਿਰੁ ਕਰੇ ਨਿਹਚਲੁ ਇਹੁ ਮਨੂਆ ਬਹੁਰਿ ਨ ਕਤਹੂ ਧਾਵੈ ॥ ੧ ॥ ਹੈ ਕੋਊ ਐਸੋ ਹਮਰਾ ਮੀਤੁ ॥ ਸਗਲ ਸਮਗ੍ਰੀ ਜੀਉ ਹੀਉ ਦੇਉ ਅਰਪਉ ਅਪਨੋ ਚੀਤੁ ॥ ੧ ॥ ਰਹਾਉ ॥ ਪਰ ਧਨ ਪਰ ਤਨ ਪਰ ਕੀ ਨਿੰਦਾ ਇਨ ਸਿਉ ਪ੍ਰੀਤਿ ਨ ਲਾਗੈ ॥ ਸੰਤਹ ਸੰਗੁ ਸੰਤ ਸੰਭਾਖਨੁ ਹਰਿ ਕੀਰਤਨਿ ਮਨੁ ਜਾਗੈ ॥ ੨ ॥ ਗੁਣ ਨਿਧਾਨ ਦਇਆਲ ਪੁਰਖ ਪ੍ਰਭ ਸਰਬ ਸੂਖ ਦਇਆਲਾ ॥ ਮਾਗੈ ਦਾਨੁ ਨਾਮੁ ਤੇਰੋ ਨਾਨਕੁ ਜਿਉ ਮਾਤਾ ਬਾਲ ਗੁਪਾਲਾ ॥ ੩ ॥ ੧੪ ॥

Tape/CD: 1331

# ਪੰਨਾ ੬੩੩

ਸੋਰਠਿ ਮਹਲਾ ੯ ॥ ਇਹ ਜਗਿ ਮੀਤੁ ਨ ਦੇਖਿਓ ਕੋਈ ॥ ਸਗਲ ਜਗਤੁ ਅਪਨੈ ਸੁਖਿ ਲਾਗਿਓ ਦੁਖ ਮੈ ਸੰਗਿ ਨ ਹੋਈ ॥ ੧ ॥ ਰਹਾਉ ॥ ਦਾਰਾ ਮੀਤ ਪੂਤ ਸਨਬੰਧੀ ਸਗਰੇ ਧਨ ਸਿਉ ਲਾਗੇ ॥ ਜਬ ਹੀ ਨਿਰਧਨ ਦੇਖਿਓ ਨਰ ਕਉ ਸੰਗੁ ਛਾਡਿ ਸਭ ਭਾਗੇ ॥ ੧ ॥ ਕਹਂਉ ਕਹਾ ਯਿਆ ਮਨ ਬਉਰੇ ਕਉ ਇਨ ਸਿਉ ਨੇਹੁ ਲਗਾਇਓ ॥ ਦੀਨਾ ਨਾਥ ਸਗਲ ਭੈ ਭੰਜਨ ਜਸੁ ਤਾ ਕੋ ਬਿਸਰਾਇਓ ॥ ੨ ॥ ਸੁਆਨ ਪੂਛ ਜਿਉ ਭਇਓ ਨ ਸੂਧਉ ਬਹੁਤੁ ਜਤਨੁ ਮੈ ਕੀਨਉ ॥ ਨਾਨਕ ਲਾਜ ਬਿਰਦ ਕੀ ਰਾਖਹੁ ਨਾਮੁ ਤੁਹਾਰਉ ਲੀਨਉ ॥ ੩ ॥ ੯ ॥